**ਪਉੜੀ ॥ ਆਸਾਵੰਤੀ ਆਸ ਗੁਸਾਈ ਪੂਰੀਐ ॥ ਮਿਲਿ ਗੋਪਾਲ ਗੋਬਿੰਦ ਨ ਕਬਹੂ ਝੂਰੀਐ ॥ ਦੇਹੁ ਦਰਸੁ ਮਨਿ ਚਾਉ ਲਹਿ ਜਾਹਿ ਵਿਸੂਰੀਐ ॥ ਹੋਇ ਪਵਿਤ੍ਰ ਸਰੀਰੁ ਚਰਨਾ ਧੂਰੀਐ ॥ ਪਾਰਬ੍ਰਹਮ ਗੁਰਦੇਵ ਸਦਾ ਹਜੂਰੀਐ ॥੧੩॥** {ਪੰਨਾ 708}

ਪਦਅਰਥ:- ਆਸਾਵੰਤੀ—ਆਸਵੰਤ, ਜਿਸ ਨੇ ਆਸ ਲਾਈ ਹੋਈ ਹੈ। ਗੁਸਾਈ —ਹੇ (ਗੋ+ਸਾਂਈ) ਧਰਤੀ ਦੇ ਮਾਲਕ! ਪੂਰੀਐ—ਪੂਰੀ ਕਰ। ਗੋਪਾਲ—ਹੇ (ਗੋ+ਪਾਲ) ਧਰਤੀ ਦੇ ਰੱਖਕ! ਨ ਝੂਰੀਐ—ਤੌਖਲਾ ਨਾਹ ਕਰਾਂ। ਮਨਿ—ਮਨ ਵਿਚ। ਵਿਸੂਰੀਐ—ਵਿਸੂਰੇ, ਝੋਰੇ।

ਅਰਥ:- ਹੇ ਧਰਤੀ ਦੇ ਖਸਮ! ਹੇ ਧਰਤੀ ਦੇ ਰੱਖਕ! ਹੇ ਗੋਬਿੰਦ! ਮੈਂ ਆਸਵੰਤ ਦੀ ਆਸ ਪੂਰੀ ਕਰ, ਮੈਨੂੰ ਮਿਲ, ਤਾਕਿ ਮੈਂ ਕਦੇ ਤੌਖ਼ਲੇ ਨਾਹ ਕਰਾਂ। ਮੇਰੇ ਮਨ ਵਿਚ ਖਿੱਚ ਹੈ , ਮੈਨੂੰ ਦੀਦਾਰ ਦੇਹ ਤੇ ਮੇਰੇ ਝੋਰੇ ਮਿਟ ਜਾਣ। ਤੇਰੇ ਪੈਰਾਂ ਦੀ ਖ਼ਾਕ ਨਾਲ ਮੇਰਾ ਸਰੀਰ ਪਵਿੱਤ੍ਰ ਹੋ ਜਾਏ। ਹੇ ਪ੍ਰਭੂ ! ਹੇ ਗੁਰਦੇਵ! (ਮੇਹਰ ਕਰ) ਮੈਂ ਸਦਾ ਤੇਰੀ ਹਜ਼ੂਰੀ ਵਿਚ ਰਹਾਂ।13।